ਮਹਲਾ ੫ ॥ ਜੋ ਪਾਥਰ ਕਉ ਕਹਤੇ ਦੇਵ ॥ ਤਾ ਕੀ ਬਿਰਥਾ ਹੋਵੈ ਸੇਵ ॥ ਜੋ ਪਾਥਰ ਕੀ ਪਾਂਈ ਪਾਇ ॥ ਤਿਸ ਕੀ ਘਾਲ ਅਜਾਂਈ ਜਾਇ ॥੧॥ ਠਾਕੁਰੁ ਹਮਰਾ ਸਦ ਬੋਲੰਤਾ ॥ ਸਰਬ ਜੀਆ ਕਉ ਪ੍ਰਭੁ ਦਾਨੁ ਦੇਤਾ ॥੧॥ ਰਹਾਉ ॥ ਅੰਤਰਿ ਦੇਉ ਨ ਜਾਨੈ ਅੰਧੁ ॥ ਭ੍ਰਮ ਕਾ ਮੋਹਿਆ ਪਾਵੈ ਫੰਧੁ ॥ ਨ ਪਾਥਰੁ ਬੋਲੈ ਨਾ ਕਿਛੁ ਦੇਇ ॥ ਫੋਕਟ ਕਰਮ ਨਿਹਫਲ ਹੈ ਸੇਵ ॥੨॥ ਜੇ ਮਿਰਤਕ ਕਉ ਚੰਦਨੁ ਚੜਾਵੈ ॥ ਉਸ ਤੇ ਕਹਹੁ ਕਵਨ ਫਲ ਪਾਵੈ ॥ ਜੇ ਮਿਰਤਕ ਕਉ ਬਿਸਟਾ ਮਾਹਿ ਰੁਲਾਈ ॥ ਤਾਂ ਮਿਰਤਕ ਕਾ ਕਿਆ ਘਟਿ ਜਾਈ ॥੩॥ ਕਹਤ ਕਬੀਰ ਹਉ ਕਹਉ ਪੁਕਾਰਿ ॥ ਸਮਝਿ ਦੇਖੁ ਸਾਕਤ ਗਾਵਾਰ ॥ ਦੂਜੈ ਭਾਇ ਬਹੁਤੁ ਘਰ ਗਾਲੇ ॥ ਰਾਮ ਭਗਤ ਹੈ ਸਦਾ ਸੁਖਾਲੇ ॥੪॥੪॥੧੨॥ {ਪੰਨਾ 1160}

ਨੋਟ:- ਸਿਰ-ਲੇਖ 'ਮਹਲਾ 5' ਦੱਸਦਾ ਹੈ ਕਿ ਇਹ ਸ਼ਬਦ ਗੁਰੂ ਅਰਜਨ ਸਾਹਿਬ ਜੀ ਦਾ ਨਿਰੋਲ ਆਪਣਾ ਉਚਾਰਿਆ ਹੋਇਆ ਹੈ। ਇਹ ਅੰਦਾਜ਼ੇ ਲਾਉਣ ਲਈ ਸਾਡੇ ਪਾਸ ਗੁਰਬਾਣੀ ਵਿਚੋਂ ਕੋਈ ਐਸਾ ਸਬੂਤ ਨਹੀਂ ਹੈ ਕਿ ਸਤਿਗੁਰੂ ਜੀ ਨੇ ਕਬੀਰ ਜੀ ਦੇ ਕਿਸੇ ਸ਼ਬਦ ਦੀ ਅਦਲਾ-ਬਦਲੀ ਕਰ ਕੇ ਇਹ ਸ਼ਬਦ ਲਿਖਿਆ ਹੈ। ਇਤਨੀ ਵੱਡੀ ਮਿਕਦਾਰ ਵਿਚ ਬਾਣੀ ਉਚਾਰ ਸਕਣ ਵਾਲੇ ਸਤਿਗੁਰੂ ਨੂੰ ਕਬੀਰ ਜੀ ਦੇ ਕਿਸੇ ਇਕ ਸ਼ਬਦ ਦਾ ਆਸਰਾ ਲੈਣ ਦੀ ਲੋੜ ਨਹੀਂ ਸੀ ਹੋ ਸਕਦੀ। ਇਹ ਸ਼ਬਦ ਸਤਿਗੁਰੂ ਜੀ ਦਾ ਨਿਰੋਲ ਆਪਣਾ ਹੈ, ਸਾਨੂੰ ਇਸ ਉੱਪਰ 'ਮਹਲਾ 5' ਉੱਤੇ ਯਕੀਨ ਹੋਣਾ ਚਾਹੀਦਾ ਹੈ। ਜੇ 'ਰਲਵਾਂ ਸ਼ਬਦ' ਹੁੰਦਾ, ਤਾਂ ਸਿਰ-ਲੇਖ ਵਜੋਂ ਇਹ ਗੱਲ ਲਿਖ ਦੇਂਦੇ, ਜਿਵੇਂ ਗਉੜੀ ਰਾਗ ਵਿਚ ਕਬੀਰ ਜੀ ਦੇ 14ਵੇਂ ਸ਼ਬਦ ਦਾ ਸਿਰਲੇਖ ਇਉਂ ਹੈ:- 'ਗਉੜੀ ਕਬੀਰ ਜੀ ਕੀ ਨਾਲਿ ਰਲਾਇ ਲਿਖਿਆ ਮਹਲਾ 5'। ਉਹ ਸ਼ਬਦ ਮਿਲਵਾਂ ਹੈ, ਤੇ ਉਸ ਦੀਆਂ ਅਖ਼ੀਰਲੀਆਂ ਦੋ ਤੁਕਾਂ ਗੁਰੂ ਅਰਜਨ ਸਾਹਿਬ ਜੀ ਦੀਆਂ ਹਨ।

ਫਿਰ, ਇਸ ਸ਼ਬਦ ਦੀ ਇੱਥੇ ਕੀਹ ਲੋੜ ਪਈ?

ਕਬੀਰ ਜੀ ਦਾ ਸ਼ਬਦ ਨੰ: 11 ਗਹੁ ਨਾਲ ਪੜ੍ਹ ਕੇ ਵੇਖੋ। ਸਾਰੇ ਸ਼ਬਦ ਵਿਚ ਮੁੱਲਾਂ ਕਾਜ਼ੀ ਆਦਿਕ ਦਾ ਹੀ ਜ਼ਿਕਰ ਹੈ, ਤੇ ਬੜਾ ਸਾਫ਼ ਖੁਲ੍ਹਾ ਜ਼ਿਕਰ ਹੈ। ਅਖ਼ੀਰਲੇ ਬੰਦ ਵਿਚ ਹਿੰਦੂ ਦਾ ਇਸ਼ਾਰੇ-ਮਾਤਰ ਜ਼ਿਕਰ ਹੈ। ਲਿਖਿਆ ਹੈ 'ਹਿੰਦੂ ਰਾਮ ਨਾਮੁ ਉਚਰੈ'। ਖ਼ਿਆਲ ਨੂੰ ਚੰਗੀ ਤਰ੍ਹਾਂ ਖੋਲ੍ਹਿਆ ਨਹੀਂ ਹੈ। ਭਾਵੇਂ ਕਬੀਰ ਜੀ ਨੇ ਅਖ਼ੀਰਲੀ ਤੁਕ ਵਿਚ ਆਪਣਾ ਆਸ਼ਾ ਪਰਗਟ ਕਰ ਦਿੱਤਾ ਹੈ 'ਕਬੀਰ ਕਾ ਸੁਆਮੀ ਰਹਿਆ ਸਮਾਇ'। ਫਿਰ ਭੀ ਅੰਞਾਣ ਪਾਠਕ ਨੂੰ ਭੁਲੇਖਾ ਪੈ ਸਕਦਾ ਹੈ।

ਇਸ ਭੁਲੇਖੇ ਦੀ ਗੁੰਜਾਇਸ਼ ਨੂੰ ਦੂਰ ਕਰਨ ਲਈ ਸਤਿਗੁਰੂ ਅਰਜਨ ਦੇਵ ਜੀ ਨੇ ਸਾਫ਼ ਲਿਖ ਦਿੱਤਾ ਹੈ ਕਿ ਉਸ ਤੁਕ ('ਹਿੰਦੂ ਰਾਮ ਨਾਮੁ ਉਚਰੈ') ਤੋਂ ਕਬੀਰ ਜੀ ਦਾ ਭਾਵ 'ਰਾਮਚੰਦਰ ਜੀ ਦੀ ਮੂਰਤੀ' ਤੋਂ ਹੈ। ਕਿਸੇ ਇੱਕ ਮੂਰਤੀ ਵਿਚ ਰੱਬ ਨੂੰ ਬੈਠਾ ਮਿਥ ਲੈਣਾ ਭੁੱਲ ਹੈ।

ਪਦਅਰਥ:- ਪਾਂਈ—ਪੈਰੀਂ। ਘਾਲ—ਮਿਹਨਤ।1।

ਸਦ—ਸਦਾ।1। ਰਹਾਉ।

ਅੰਤਰਿ—ਅੰਦਰ-ਵੱਸਦਾ। ਦੇਉ—ਪ੍ਰਭੂ। ਅੰਧੁ—ਅੰਨ੍ਹਾ ਮਨੁੱਖ। ਫੰਧੁ—ਫੰਧਾ, ਜਾਲ। ਫੋਕਟ—ਫੋਕੇ।2।

ਪੁਕਾਰਿ—ਕੂਕ ਕੇ। ਸਾਕਤ—ਹੇ ਸਾਕਤ! ਦੂਜੈ ਭਾਇ—ਪ੍ਰਭੂ ਨੂੰ ਛੱਡ ਕੇ ਕਿਸੇ ਹੋਰ ਦੇ ਪਿਆਰ ਵਿਚ।4।

ਅਰਥ:- ਸਾਡਾ ਠਾਕੁਰ ਸਦਾ ਬੋਲਦਾ ਹੈ, ਉਹ ਪ੍ਰਭੂ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ।1। ਰਹਾਉ।

ਜੋ ਮਨੁੱਖ ਪੱਥਰ (ਦੀ ਮੂਰਤੀ) ਨੂੰ ਰੱਬ ਆਖਦੇ ਹਨ, ਉਹਨਾਂ ਦੀ ਕੀਤੀ ਸੇਵਾ ਵਿਅਰਥ ਜਾਂਦੀ ਹੈ। ਜੋ ਮਨੁੱਖ ਪੱਥਰ (ਦੀ ਮੂਰਤੀ) ਦੇ ਪੈਰੀਂ ਪੈਂਦੇ ਹਨ, ਉਹਨਾਂ ਦੀ ਮਿਹਨਤ ਅਜਾਈਂ ਚਲੀ ਜਾਂਦੀ ਹੈ।1।

ਅੰਨ੍ਹਾ ਮੂਰਖ ਆਪਣੇ ਅੰਦਰ-ਵੱਸਦੇ ਰੱਬ ਨੂੰ ਨਹੀਂ ਪਛਾਣਦਾ, ਭਰਮ ਦਾ ਮਾਰਿਆ ਹੋਇਆ ਹੋਰ ਹੋਰ ਜਾਲ ਵਿਛਾਉਂਦਾ ਹੈ। ਇਹ ਪੱਥਰ ਨਾਹ ਬੋਲਦਾ ਹੈ, ਨਾਹ ਕੁਝ ਦੇ ਸਕਦਾ ਹੈ, (ਇਸ ਨੂੰ ਇਸ਼ਨਾਨ ਕਰਾਣ ਤੇ ਭੋਗ ਆਦਿਕ ਲਵਾਣ ਦੇ) ਸਾਰੇ ਕੰਮ ਵਿਅਰਥ ਹਨ, (ਇਸ ਦੀ ਸੇਵਾ ਵਿਚੋਂ ਕੋਈ ਫਲ ਨਹੀਂ ਮਿਲਦਾ।2।

ਜੇ ਕੋਈ ਮਨੁੱਖ ਮੁਰਦੇ ਨੂੰ ਚੰਦਨ (ਰਗੜ ਕੇ) ਲਾ ਦੇਵੇ, ਉਸ ਮੁਰਦੇ ਨੂੰ ਕੋਈ (ਇਸ ਸੇਵਾ ਦਾ) ਫਲ ਨਹੀਂ ਮਿਲ ਸਕਦਾ। ਤੇ, ਜੇ ਕੋਈ ਮੁਰਦੇ ਨੂੰ ਗੰਦ ਵਿਚ ਰੋਲ ਦੇਵੇ, ਤਾਂ ਭੀ ਉਸ ਮੁਰਦੇ ਦਾ ਕੋਈ ਵਿਗਾੜ ਨਹੀਂ ਹੋ ਸਕਦਾ।3।

ਕਬੀਰ ਆਖਦਾ ਹੈ—ਮੈਂ ਪੁਕਾਰ ਪੁਕਾਰ ਕੇ ਆਖਦਾ ਹਾਂ 'ਹੇ ਰੱਬ ਨਾਲੋਂ ਟੁੱਟੇ ਹੋਏ ਮੂਰਖ! ਸਮਝ ਕੇ ਵੇਖ, ਰੱਬ ਨੂੰ ਛੱਡ ਕੇ ਹੋਰ ਹੋਰ ਵਿਚ ਪਿਆਰ ਪਾ ਕੇ ਬਥੇਰੇ ਜੀਵ ਤਬਾਹ ਹੋ ਗਏ। ਸਦਾ ਸੁਖੀ ਜੀਵਨ ਵਾਲੇ ਸਿਰਫ਼ ਉਹੀ ਹਨ ਜੋ ਪ੍ਰਭੂ ਦੇ ਭਗਤ ਹਨ'।4। 4।12।

ਨੋਟ:- ਗੁਰੂ ਅਰਜਨ ਦੇਵ ਜੀ ਨੇ ਭੀ ਲਫ਼ਜ਼ 'ਰਾਮ' ਹੀ ਵਰਤਿਆ ਹੈ 'ਰਾਮ ਭਗਤ ਹੈ ਸਦਾ ਸੁਖਾਲੇ'; ਕਬੀਰ ਜੀ ਨੇ ਭੀ 'ਹਿੰਦੂ ਰਾਮ ਨਾਮੁ ਉਚਰੈ' ਵਿਚ ਲਫ਼ਜ਼ 'ਰਾਮ' ਹੀ ਵਰਤਿਆ ਹੈ। ਪਰ ਸਤਿਗੁਰੂ ਜੀ ਨੇ 'ਕਬੀਰ ਕਾ ਸੁਆਮੀ ਰਹਿਆ ਸਮਾਇ' ਵਿਚ ਇਸ਼ਾਰੇ-ਮਾਤਰ ਦੱਸੀ ਗੱਲ ਨੂੰ ਆਪਣੇ ਇਸ ਸ਼ਬਦ ਵਿਚ ਵਿਸਥਾਰ ਨਾਲ ਸਮਝਾ ਦਿੱਤਾ ਹੈ ਕਿ ਹਿੰਦੂ ਤਾਂ ਸ੍ਰੀ ਰਾਮ ਚੰਦਰ ਜੀ ਦੀ ਮੂਰਤੀ ਦੀ ਪੂਜਾ ਕਰਦੇ ਹੋਏ 'ਰਾਮ ਰਾਮ' ਆਖਦੇ ਹਨ, ਪਰ ਕਬੀਰ ਜੀ ਉਸ 'ਰਾਮ' ਨੂੰ ਸਿਮਰਦੇ ਹਨ ਜੋ 'ਰਹਿਆ ਸਮਾਇ' ਅਤੇ ਜੋ 'ਸਰਬ ਜੀਆ ਕਉ ਦਾਨੁ ਦੇਤਾ'।

ਇਹ ਸ਼ਬਦ ਤਾਂ ਸਤਿਗੁਰੂ ਅਰਜਨ ਸਾਹਿਬ ਜੀ ਦਾ ਆਪਣਾ ਉਚਾਰਿਆ ਹੋਇਆ ਹੈ। ਪਰ ਇਸ ਦੇ ਅਖ਼ੀਰ ਤੇ ਲਫ਼ਜ਼ 'ਨਾਨਕ' ਦੇ ਥਾਂ ਲਫ਼ਜ਼ ਕਬੀਰ ਵਰਤਿਆ ਗਿਆ ਹੈ, ਕਿਉਂਕਿ ਇਹ ਸ਼ਬਦ ਕਬੀਰ ਜੀ ਦੇ ਸਬਦ ਨੰ: 11 ਦੇ ਪਰਥਾਇ ਹੀ ਉਚਾਰਨ ਦੀ ਲੋੜ ਪਈ ਸੀ।